**ਅਨੁਸੂਚਿਤ ਜਾਤੀਆਂ ਦੀਆ ਲੜਕੀਆਂ ਨੂੰ 10+2 ਦੀ ਪੜ੍ਹਾਈ ਲਈ ਉਤਸ਼ਾਹਿਤ ਕਰਨ ਲਈ ਇਨਾਮ ਦੇਣ ਦੀ ਸਕੀਮ**

ਪੰਜਾਬ ਸਰਕਾਰ ਵਲੋਂ ਭਲਾਈ ਵਿਭਾਗ ਰਾਹੀਂ ਅਨੁਸੂਚਿਤ ਜਾਤੀਆਂ ਦੀਆਂ ਲੜਕੀਆਂ ਦੇ ਵਿਦਿਅਕ ਮਿਆਰ ਨੂੰ ਉਚਾ ਚੁੱਕਣ ਲਈ ਵੀ ਕਈ ਸਕੀਮਾਂ ਚਲਾਈਆਂ ਜਾ ਰਹੀਆਂ ਹਨ, ਪ੍ਰੰਤੂ ਇਸ ਦੇ ਬਾਵਜੂਦ ਵੀ ਜਨਰਲ ਕੈਟਾਗਰੀ ਦੀਆਂ ਪੜ੍ਹੀਆਂ ਲਿਖੀਆਂ ਲੜਕੀਆਂ ਦੀ ਪ੍ਰਤੀਸ਼ਤਤਾ 63.40 ਦੇ ਮੁਕਾਬਲੇ ਅਨੁਸੂਚਿਤ ਜਾਤੀਆਂ ਦੀਆਂ ਪੜ੍ਹੀਆਂ ਲਿਖੀਆਂ ਲੜਕੀਆਂ ਦੀ ਪ੍ਰਤੀਸ਼ਤਤਾ 48.30 ਹੈ ਜੋ ਕਿ ਬਹੁਤ ਘੱਟ ਹੈ। ਅਨੁਸੂਚਿਤ ਜਾਤੀਆਂ ਦੀਆਂ ਲੜਕੀਆਂ ਨੂੰ ਪੜ੍ਹਾਈ ਵੱਲ ਉਤਸ਼ਾਹਿਤ ਕਰਕੇ ਉਨ੍ਹਾਂ ਵਿਚ ਪੜ੍ਹਾਈ ਦੀ ਦਰ ਦੀ ਪ੍ਰਤੀਸ਼ਤਤਾ ਵਧਾਉਣ ਦੇ ਮਕਸਦ ਨਾਲ ਭਲਾਈ ਵਿਭਾਗ ਵੱਲੋਂ ਮੱਧ ਪ੍ਰਦੇਸ਼ ਸਰਕਾਰ ਦੀ ਸਕੀਮ ਦੇ ਪੈਟਰਨ ਦੇ ਆਧਾਰ ਤੇ ਇਹ ਸਕੀਮ ਤਿਆਰ ਕੀਤੀ ਗਈ ਹੈ।

ਇਸ ਸਕੀਮ ਅਧੀਨ ਅਨੁਸੂਚਿਤ ਜਾਤੀਆਂ ਨਾਲ ਸਬੰਧਤ ਲੜਕੀਆਂ ਨੂੰ ਜਿਨ੍ਹਾ ਦੇ ਮਾਪੇ/ਸਰਪ੍ਰਸਤ ਆਮਦਨ ਕਰ ਦਾਤਾ ਨਹੀਂ ਹੋਣਗੇ, ਨੂੰ ਪੜ੍ਹਾਈ ਵੱਲ ਉਤਸ਼ਾਹਿਤ ਕਰਨ ਲਈ 11ਵੀਂ ਅਤੇ 12ਵੀਂ ਜਮਾਤਾਂ ਵਿੱਚ ਦਾਖਲੇ ਸਮੇਂ ਇਨਾਮ ਵਜੋਂ 3000/-ਰੁਪਏ ਹਰ ਸਾਲ ਯਕਮਸ਼ਤ ਰਾਸ਼ੀ ਅਦਾ ਕੀਤੇ ਜਾਣ ਦਾ ਉਪਬੰਧ ਹੈ।